# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਟਿਊਬਵੈਲ ਅਪਰੇਟਰ ਟਿਊਬਵੈਲਾਂ ਤੇ ਆਪਣੀ ਹਾਜ਼ਰੀ ਯਕੀਨੀ ਬਣਾਉਣ...ਮੇਅਰ ਸ਼ਿਵ ਸੂਦ

## ਮੇਅਰ ਸ਼ਿਵ ਸੂਦ ਨੇ ਵੱਖ-ਵੱਖ ਟਿਊਬਵੈਲਾਂ ਦੀ ਕੀਤੀ ਅਚਨਚੇਤ ਚੈਕਿੰਗ

ਹੁਸ਼ਿਆਰਪੁਰ 23 ਮਈ ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਸ਼ਹਿਰ ਦੇ ਸਾਰੇ ਵਾਰਡਾਂ ਵਿਚ ਪੀਣ ਵਾਲੇ ਸਾਫ-ਸੁਥਰੇ ਪਾਣੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਦੇ ਮੰਤਵ ਨਾਲ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਅੱਜ ਵੱਖ-ਵੱਖ ਵਾਰਡਾਂ ਵਿਚ ਜਾ ਕੇ ਟਿਊਬਵੈਲਾਂ ਦੀ ਅਚਨਚੇਤ ਚੈਕਿੰਗ ਕੀਤੀ। ਨਗਰ ਨਿਗਮ ਦੇ ਜੇ.ਈ ਅਸ਼ਵਨੀ ਸ਼ਰਮਾ, ਜਲ ਸਪਲਾਈ ਦੇ ਇੰਸਪੈਕਟਰ ਰਵਿੰਦਰ ਠਾਕੁਰ, ਕੌਂਸਲਰ ਰਮੇਸ਼ ਕੁਮਾਰ ਠਾਕੁਰ, ਵਿਨੋਦ ਪਰਮਾਰ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ।

ਮੇਅਰ ਸ਼ਿਵ ਸੂਦ ਨੇ ਇਸ ਮੌਕੇ ਤੇ ਸਮੂਹ ਟਿਊਬਵੈਲ ਅਪਰੇਟਰਾਂ ਨੂੰ ਕਿਹਾ ਕਿ ਵੇਖਣ ਵਿਚ ਆਇਆ ਹੈ ਕਿ ਟਿਊਬਵੈਲ ਅਪਰੇਟਰ ਆਪਣਾ ਟਿਊਬਵੈਲ ਚਾਲੂ ਕਰਨ ਉਪਰੰਤ ਚਲੇ ਜਾਂਦੇ ਹਨ, ਉਹਨਾਂ ਹਦਾਇਤ ਕੀਤੀ ਸਾਰੇ ਟਿਊਬਵੈਲ ਅਪਰੇਟਰ ਡਿਊਟੀ ਦੌਰਾਨ ਆਪਣੀ ਡਿਊਟੀ ਤੇ ਹਾਜ਼ਰ ਰਹਿਣਗੇ ਅਤੇ ਨਿਸਚਿਤ ਕੀਤੇ ਸਮੇਂ ਵਿਚ ਟਿਊਬਵੈਲ ਚਾਲੂ ਰੱਖਣਾ ਯਕੀਨੀ ਬਣਾਉਣਗੇ ਤਾਂ ਜ਼ੋ ਸ਼ਹਿਰ ਵਾਸੀਆਂ ਨੂੰ ਨਿਰਵਿਘਨ ਪੀਣ ਵਾਲਾ ਪਾਣੀ ਸਪਲਾਈ ਹੋ ਸਕੇ। ਉਹਨਾਂ ਕਿਹਾ ਕਿ ਸ਼ਹਿਰ ਨਿਵਾਸੀਆਂ ਨੂੰ ਪੀਣ ਵਾਲਾ ਸਾਫ ਸੁਥਰਾ ਪਾਣੀ ਮੁਹੱਇਆ ਕਰਵਾਉਣ ਲਈ ਨਗਰ ਨਿਗਮ ਵਚਨ ਬੱਦ ਹੈ। ਉਹਨਾਂ ਦੱਸਿਆ ਕਿ ਟਿਊਬਵੈਲ ਅਪਰੇਟਰ ਆਪਣੀ ਡਿਊਟੀ ਦੌਰਾਨ ਟਿਊਬਵੈਲ ਦੇ ਆਲੇ-ਦੁਆਲੇ ਸਫਾਈ ਰੱਖਣਾ ਵੀ ਯਕੀਨੀ ਬਣਾਉਣ। ਉਹਨਾਂ ਦੱਸਿਆ ਕਿ ਨਗਰ ਨਿਗਮ ਦੇ ਸਬੰਧਤ ਅਧਿਕਾਰੀਆਂ ਵੱਲੋਂ ਉਹਨਾਂ ਦੀ ਅਚਨਚੇਤ ਚੈਕਿੰਗ ਵੀ ਕੀਤੀ ਜਾਵੇਗੀ ਅਤੇ ਗੈਰ ਹਾਜ਼ਰ ਪਾਏ ਜਾਣ ਵਾਲੇ ਟਿਊਬਵੈਲ ਅਪਰੇਟਰਾਂ ਦੇ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ।